# ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ

ਛੇਵੀਂ ਮੰਜਿਲ, ਬਲਾਕ-ਈ,ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਫੇਜ-8, ਮੋਹਾਲੀ


Azadi Ka Amrit Mahotsav

ਵੱਲ,

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ./ਐ.ਸਿ.)

ਸਮੂਹ ਡਾਇਟ ਪ੍ਰਿੰਸੀਪਲਜ਼,

ਸਮੂਹ ਸਕੂਲ ਮੁੱਖੀ (ਵੈਬ-ਸਾਇਟ ਰਾਹੀਂ)

ਪੰਜਾਬ।

ਮੀਮੋ ਨੰ: SCERT/QP/UP/178303

ਮਿਤੀ: 28-06-2023

**ਵਿਸ਼ਾ : ਸਰਕਾਰੀ ਸਕੂਲਾਂ ਵਿੱਚ 'ਸਮਰ ਕੈਂਪ' ਦੀਆਂ ਗਤੀਵਿਧੀਆਂ ਕਰਵਾਉਣ ਸੰਬੰਧੀ।**

1.0 ਉਪਰੋਕਤ ਵਿਸ਼ੇ 'ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਸਕੂਲ ਸਿੱਖਿਆ ਵਿਭਾਗ, ਪੰਜਾਬ ਵੱਲੋਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਧਿਆਨ ਵਿੱਚ ਰੱਖਦੇ ਹੋਏ ਸਮੇਂ-ਸਮੇਂ 'ਤੇ ਵੱਖ-ਵੱਖ ਤਰ੍ਹਾਂ ਦੀਆਂ ਗਤੀਵਿਧੀਆਂ ਦਾ ਆਯੋਜਨ ਕੀਤਾ ਜਾਂਦਾ ਹੈ। ਇਸੇ ਲੜੀ ਤਹਿਤ ਇਸ ਸੈਸ਼ਨ ਵਿੱਚ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਮਿਤੀ 03-07-2023 ਤੋਂ 15-07-2023 ਤੱਕ 'ਸਮਰ ਕੈਂਪ' ਲਗਾਇਆ ਜਾ ਰਿਹਾ ਹੈ।

3.0 'ਸਮਰ ਕੈਂਪ' ਦੇ ਸੰਚਾਲਨ ਲਈ ਦਿਸ਼ਾ ਨਿਰਦੇਸ਼ ਹੇਠ ਲਿਖੇ ਅਨੁਸਾਰ ਹਨ:

| | |
|---|---|
| 3.1 ਸਮਰ ਕੈਂਪ ਦੀ ਮਿਤੀ | : 03-07-2023 ਤੋਂ 15-07-2023 |
| ਟਾਰਗੇਟ ਜਮਾਤਾਂ | : ਪ੍ਰੀ-ਪ੍ਰਾਇਮਰੀ ਤੋਂ ਅੱਠਵੀਂ ਜਮਾਤ |
| ਸਮਾਂ | : ਸਵੇਰੇ 8.00 ਤੋਂ ਸਵੇਰੇ 11.30 ਤੱਕ |

3.2 ਉਪਰੋਕਤ ਸਮਾਂ ਸੀਮਾ ਅਨੁਸਾਰ ਸਮੂਹ ਸਕੂਲ ਮੁੱਖੀ ਨਿਰਧਾਰਿਤ ਗਤੀਵਿਧੀਆਂ ਸੁਚੱਜੇ ਢੰਗ ਨਾਲ ਕਰਵਾਉਣਾ ਯਕੀਨੀ ਬਣਾਉਣਗੇ। ਰੋਜ਼ਾਨਾ ਕਰਵਾਈਆਂ ਜਾਣ ਵਾਲੀਆਂ ਗਤੀਵਿਧੀਆਂ ਦਾ ਵੇਰਵਾ ਅਗੇਤ ਰੂਪ ਵਿੱਚ ਪੀ.ਡੀ.ਐਫ. ਅਤੇ ਲਿੰਕ ਰਾਹੀਂ ਮੁੱਖ ਦਫ਼ਤਰ ਵੱਲੋਂ ਸਾਂਝਾ ਕੀਤਾ ਜਾਵੇਗਾ।

3.3 ਸਮਰ ਕੈਂਪ ਦੀ ਸਮੂਹ ਸਕੂਲਾਂ ਵਿੱਚ ਸੰਚਾਲਨ ਦੀ ਸੰਪੂਰਨ ਜਿੰਮੇਵਾਰੀ ਸੰਬੰਧਤ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.) ਦੀ ਹੋਵੇਗੀ।

3.4 ਸਮਰ ਕੈਂਪ ਦੀਆਂ ਗਤੀਵਿਧੀਆਂ ਨੂੰ ਮੋਨੀਟਰ ਕਰਨ ਲਈ ਅਧਿਕਾਰੀ ਸਾਹਿਬਾਨ ਸਕੂਲਾਂ ਨੂੰ ਵਿਜ਼ਟ ਕਰਨਗੇ ਜਿਸ ਦੇ ਸੰਬੰਧ ਵਿੱਚ ਵੱਖਰੇ ਤੌਰ ਤੇ ਪੱਤਰ ਜਾਰੀ ਕੀਤਾ ਜਾਵੇਗਾ। ਵਿਜ਼ਟ ਕਰਨ ਵਾਲੇ ਅਧਿਕਾਰੀ ਮੋਨੀਟਰਿੰਗ ਦੌਰਾਨ ਨਿਰਧਾਰਿਤ ਗੂਗਲ ਪ੍ਰੋਫਾਰਮੇ ਵਿੱਚ ਭਰ ਕੇ ਮੁੱਖ ਦਫ਼ਤਰ ਨੂੰ ਰਿਪੋਰਟ ਕਰਨਗੇ।

3.5 ਸਮਰ ਕੈਂਪ ਦੀ ਸਮਾਪਤੀ ਵਾਲੇ ਦਿਨ ਮਿਤੀ 15.07.2023 ਨੂੰ ਸਮੂਹ ਸਕੂਲਾਂ ਵਿੱਚ ਸਮਰ ਕੈਂਪ ਦੌਰਾਨ ਵਿਦਿਆਰਥੀਆਂ ਦੁਆਰਾ ਤਿਆਰ ਕੀਤੀਆਂ ਕਲਾਕ੍ਰਿਤੀਆਂ ਅਤੇ ਹੋਰ ਸਮਾਨ ਦੀ ਪ੍ਰਦਰਸ਼ਨੀ ਲਗਾਈ

Scanned with OKEN Scanner

ਜਾਵੇਗੀ। ਮਿਤੀ 15.7.2023 ਨੂੰ ਸਮੂਹ ਸਰਕਾਰੀ ਸਕੂਲਾਂ ਵਿੱਚ ਮਾਪੇ ਅਧਿਆਪਕ ਮਿਲਣੀ ਦਾ ਆਯੋਜਨ ਵੀ ਕੀਤਾ ਜਾਵੇ ਜਿਸ ਵਿੱਚ ਮਾਪਿਆਂ ਨੂੰ ਪ੍ਰਦਰਸ਼ਨੀ ਦਾ ਦੌਰਾ ਕਰਵਾਇਆ ਜਾਵੇ ਅਤੇ ਬੱਚਿਆਂ ਦੀ ਕਾਰਗੁਜ਼ਾਰੀ ਸਾਂਝੀ ਕੀਤੀ ਜਾਵੇ।

3.6 ਸਮਰ ਕੈਂਪ ਵਿੱਚ ਭਾਗ ਲੈਣ ਵਾਲੀਆਂ ਜਮਾਤਾਂ ਦੇ ਬੱਚਿਆਂ ਨੂੰ 11:30 ਵਜੇ ਤੋਂ ਬਾਅਦ ਸਕੂਲ ਤੋਂ ਛੁੱਟੀ ਰਹੇਗੀ ਅਤੇ ਅਧਿਆਪਕ ਸਕੂਲ ਵਿੱਚ ਹਾਜਰ ਰਹਿਣਗੇ।

4.0 ਸਮਰ ਕੈਂਪ ਵਿੱਚ CWSN ਵਿਦਿਆਰਥੀਆਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਇਆ ਜਾਵੇ।

5.0 ਸਕੂਲ ਮੁੱਖੀ ਇਹ ਯਕੀਨੀ ਬਣਾਉਣਗੇ ਕਿ ਸਮਰ ਕੈਂਪ ਵਿੱਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀ ਮਿਡ-ਡੇ-ਮੀਲ ਖਾ ਕੇ ਘਰ ਜਾਣ।

6.0 ਸਮੂਹ ਅਧਿਕਾਰੀ/ਸਕੂਲ ਮੁਖੀ ਸਾਹਿਬਾਨ/ ਸਕੂਲ ਇੰਚਾਰਜ ਸਮਰ ਕੈਂਪ ਦੀਆਂ ਗਤੀਵਿਧੀਆਂ ਨੂੰ ਉਪਰੋਕਤ ਨਿਰਦੇਸ਼ਾ ਅਨੁਸਾਰ ਸਕੂਲਾਂ ਵਿੱਚ ਸੁਚਾਰੂ ਢੰਗ ਨਾਲ ਕਰਾਉਣਾ ਯਕੀਨੀ ਬਣਾਉਣਗੇ।

**ਡਾਇਰੈਕਟਰ**
**ਐੱਸ.ਸੀ.ਈ.ਆਰ.ਟੀ., ਪੰਜਾਬ।**

**ਪਿੱਠ ਅੰਕਣ ਨੰ ਉਕਤ** **ਮਿਤੀ:**

**ਉਪਰੋਕਤ ਦਾ ਉਤਾਰਾ ਹੇਠ ਲਿਖੇ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।**

1. ਪੀ.ਏ ਟੂ ਵਧੀਕ ਮੁੱਖ ਸਕੱਤਰ ਸਕੂਲ ਸਿੱਖਿਆ ਪੰਜਾਬ।
2. ਪੀ.ਏ ਟੂ ਵਿਸ਼ੇਸ ਸਕੱਤਰ ਸਕੂਲ ਸਿੱਖਿਆ ਪੰਜਾਬ।
3. ਪੀ.ਏ ਟੂ ਡੀ.ਜੀ.ਐਸ.ਈ. ਪੰਜਾਬ।
4. ਪੀ.ਏ ਟੂ ਡਾਇਰੈਕਟਰ ਸਕੂਲ ਸਿੱਖਿਆ (ਸੈ.ਸਿ) ਪੰਜਾਬ।
5. ਪੀ.ਏ ਟੂ ਡਾਇਰੈਕਟਰ ਸਕੂਲ ਸਿੱਖਿਆ (ਐ.ਸਿ) ਪੰਜਾਬ।

**ਡਾਇਰੈਕਟਰ**
**ਐੱਸ.ਸੀ.ਈ.ਆਰ.ਟੀ., ਪੰਜਾਬ।**

Scanned with OKEN Scanner